# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :13-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨੇ ਨਰੇਂਦਰ ਮੋਦੀ ਨੇ ਬ੍ਰਿਕਸ ਸਿਖਰ ਸੰਮੇਲਨ ਨੂੰ ਸੰਬੋਧਨ ਕਰਦਿਆਂ, ਚੁਣੌਤੀਆਂ ਦੀ ਸਮੇਂ ਸਿਰ ਪਛਾਣ ਕਰਨ, ਉਨ੍ਹਾਂ ਲਈ ਪਹਿਲਾਂ ਤੋਂ ਤਿਆਰ ਰਹਿਣ ਅਤੇ ਤੁਰੰਤ ਕਾਰਵਾਈ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਏ।

- ਬ੍ਰਿਕਸ ਦੇਸ਼ਾਂ ਨੇ ਗੱਲਬਾਤ, ਸਲਾਹ-ਮਸ਼ਵਰੇ ਅਤੇ ਕੂਟਨੀਤਕ ਯਤਨਾਂ ਰਾਹੀਂ ਅੰਤਰਰਾਸ਼ਟਰੀ ਵਿਵਾਦਾਂ ਨੂੰ ਸ਼ਾਂਤੀਪੂਰਵਕ ਢੰਗ ਨਾਲ ਹੱਲ ਕਰਨ ਪ੍ਰਤੀ ਆਪਣੀ ਵਚਨਬੱਧਤਾ ਦੋਹਰਾਈ ਏ।

- ਵਿਸ਼ਵ ਸਿਹਤ ਸੰਗਠਨ (WHO) ਨੇ ਬ੍ਰਿਕਸ ਸਿਖਰ ਸੰਮੇਲਨ ਦੌਰਾਨ, ਬ੍ਰਿਕਸ ਦੇਸ਼ਾਂ ਵੱਲੋਂ ਅਪਣਾਏ ਗਏ ਨਵੀਂ ਦਿੱਲੀ ਐਲਾਨਨਾਮੇ ਦੀ ਸ਼ਲਾਘਾ ਕੀਤੀ ਏ।

- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਕੱਲ੍ਹ ਤੋਂ ਵਿਕਾਸਸ਼ੀਲ ਦੇਸ਼ਾਂ ਲਈ, ਮਨੁੱਖੀ ਅਧਿਕਾਰਾਂ ਬਾਰੇ 6 ਦਿਨਾਂ ਦੇ ਸਮਰੱਥਾ ਨਿਰਮਾਣ ਪ੍ਰੋਗਰਾਮ ਦੀ ਸ਼ੁਰੂਆਤ ਕਰੇਗਾ।

- ਔਰਤਾਂ ਦੇ Twenty-twenty ਏਸ਼ੀਆ ਕੱਪ ਕ੍ਰਿਕੇਟ ਦੇ ਫਾਈਨਲ ਵਿੱਚ, ਅੱਜ ਰਾਤੀਂ 8 ਵਜੇ, ਭਾਰਤ ਦਾ ਮੁਕਾਬਲਾ ਸ਼੍ਰੀਲੰਕਾ ਨਾਲ ਹੋਵੇਗਾ।

## ***<u>ਹੁਣ ਖਬਰਾਂ ਵਿਸਥਾਰ ਨਾਲ</u>***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਕਿ ਮਹਾਂਮਾਰੀਆਂ, ਜਲਵਾਯੂ ਆਫ਼ਤਾਂ ਅਤੇ ਸਪਲਾਈ ਲੜੀ ਵਿੱਚ ਵਿਘਨ ਨੇ ਇਹ ਸਾਬਤ ਕਰ ਦਿੱਤਾ ਏ ਕਿ ਅੱਜ ਦੀ ਆਪਸ ਵਿੱਚ ਜੁੜੀ ਹੋਈ ਦੁਨੀਆ ਵਿੱਚ, ਕੋਈ ਵੀ ਸੰਕਟ ਸਿਰਫ਼ ਇੱਕ ਖੇਤਰ ਤੱਕ ਸੀਮਤ ਨਹੀਂ ਰਹਿੰਦਾ। ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਬ੍ਰਿਕਸ ਸਿਖਰ ਸੰਮੇਲਨ ਦੇ ਖੁੱਲ੍ਹੇ

ਸਮਾਗਮ ਨੂੰ ਸੰਬੋਧਨ ਕਰਦਿਆਂ, ਸ੍ਰੀ ਮੋਦੀ ਨੇ ਕਿਹਾ ਕਿ ਇਸੇ ਲਈ ਬ੍ਰਿਕਸ ਦੇਸ਼ਾਂ ਨੇ ਸਮੂਹ ਦੇ ਅੰਦਰ ਲਚਕੀਲਾਪਣ ਅਤੇ ਸੰਕਟਾਂ ਨਾਲ ਨਜਿੱਠਣ ਦੀ ਸਮਰੱਥਾ ਨੂੰ ਵਧਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਏ। "ਲਚਕੀਲਾਪਣ, ਨਵੀਨਤਾ, ਸਹਿਯੋਗ ਅਤੇ ਸਥਿਰਤਾ ਲਈ ਨਿਰਮਾਣ" ਵਿਸ਼ੇ 'ਤੇ ਇੱਕ ਸਮਾਗਮ ਵਿੱਚ, ਪ੍ਰਧਾਨ ਮੰਤਰੀ ਨੇ ਚੁਣੌਤੀਆਂ ਦੀ ਸਮੇਂ ਸਿਰ ਪਛਾਣ ਕਰਨ, ਉਨ੍ਹਾਂ ਲਈ ਪਹਿਲਾਂ ਤੋਂ ਤਿਆਰੀ ਕਰਨ ਅਤੇ ਤੁਰੰਤ ਕਾਰਵਾਈ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਛੂਤ ਦੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਪ੍ਰਬੰਧਨ ਲਈ ਬ੍ਰਿਕਸ ਏਕੀਕ੍ਰਿਤ ਸ਼ੁਰੂਆਤੀ ਚੇਤਾਵਨੀ ਪ੍ਰਣਾਲੀ 'ਤੇ ਸਹਿਮਤੀ ਬਣ ਗਈ ਏ। ਸ੍ਰੀ ਮੋਦੀ ਨੇ ਕਿਹਾ ਕਿ ਆਫ਼ਤ ਪ੍ਰਬੰਧਨ ਲਈ "ਸ਼ੁਰੂਆਤੀ ਚੇਤਾਵਨੀ ਡੇਟਾ ਏਕੀਕਰਣ ਦਿਸ਼ਾ-ਨਿਰਦੇਸ਼" ਵੀ ਤਿਆਰ ਕਰ ਲਏ ਗਏ ਨੇ।

**BYTE: PM WARNING  SYSYEM**

ਪ੍ਰਧਾਨ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਤਕਨਾਲੋਜੀ ਅਤੇ ਮਹੱਤਵਪੂਰਨ ਖਣਿਜਾਂ ਦੀ ਹਥਿਆਰਾਂ ਦੀ ਤਰ੍ਹਾਂ ਵਰਤੋਂ, ਤਰੱਕੀ ਵਿੱਚ ਇੱਕ ਮਹੱਤਵਪੂਰਨ ਰੁਕਾਵਟ ਪੈਦਾ ਕਰ ਸਕਦੀ ਏ। ਉਨ੍ਹਾਂ ਕਿਹਾ ਕਿ ਬ੍ਰਿਕਸ ਦੇਸ਼ਾਂ ਨੇ ਨਵੀਆਂ ਤਕਨਾਲੋਜੀਆਂ ਨੂੰ ਅਪਣਾਉਣ ਵਿੱਚ ਸਮਾਵੇਸ਼ 'ਤੇ ਵਿਸ਼ੇਸ਼ ਜ਼ੋਰ ਦਿੱਤਾ ਏ। ਇਸ ਤੋਂ ਇਲਾਵਾ, 'ਬ੍ਰਿਕਸ ਨੈੱਟਵਰਕ ਆਨ ਡਿਜੀਟਲ ਐਗਰੀਕਲਚਰ' ਕਿਸਾਨਾਂ ਦੀਆਂ ਅਸਲ ਜ਼ਰੂਰਤਾਂ ਅਨੁਸਾਰ, ਏ.ਆਈ, Geo-Political ਤਕਨਾਲੋਜੀ ਅਤੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ ਨੂੰ ਢਾਲ ਕੇ, ਕਿਸਾਨਾਂ ਲਈ ਨਵੇਂ ਮੌਕੇ ਪੈਦਾ ਕਰੇਗਾ।

**BYTE : PM AGRI**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਛੋਟੇ ਉੱਦਮਾਂ ਨੂੰ ਗਿਆਨ, ਵਿੱਤ ਅਤੇ ਨਵੇਂ ਬਾਜ਼ਾਰਾਂ ਨਾਲ ਜੋੜਨ ਲਈ ਇੱਕ "BRICS-MSME ਸਹਿਯੋਗ ਪੋਰਟਲ" ਸਥਾਪਤ ਕਰਨ ਦੀ ਪਹਿਲਕਦਮੀ ਦੀ ਤਜਵੀਜ਼ ਵੀ ਰੱਖੀ ਗਈ ਏ।

---------------------------------------------------------------

ਬ੍ਰਿਕਸ ਦੇਸ਼ਾਂ ਨੇ ਗੱਲਬਾਤ, ਸਲਾਹ-ਮਸ਼ਵਰੇ ਅਤੇ ਕੂਟਨੀਤਕ ਯਤਨਾਂ ਰਾਹੀਂ ਅੰਤਰਰਾਸ਼ਟਰੀ ਵਿਵਾਦਾਂ ਨੂੰ ਸ਼ਾਂਤੀਪੂਰਵਕ ਢੰਗ ਨਾਲ ਹੱਲ ਕਰਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੋਹਰਾਈ ਏ । ਉਨ੍ਹਾਂ ਨੇ ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ 'ਤੇ ਚਿੰਤਾ ਪ੍ਰਗਟਾਈ ਅਤੇ ਵੱਧ ਤੋਂ ਵੱਧ ਸੰਜਮ ਵਰਤਣ ਦੇ ਨਾਲ-ਨਾਲ ਅਜਿਹੀਆਂ ਕਾਰਵਾਈਆਂ ਤੋਂ ਬਚਣ ਦਾ ਸੱਦਾ ਦਿੱਤਾ ਜੋ ਹਾਲਾਤ ਨੂੰ ਹੋਰ ਵਿਗਾੜ ਸਕਦੀਆਂ ਹੋਣ।

---------------------------------------------------------------

ਵਿਸ਼ਵ ਸਿਹਤ ਸੰਗਠਨ (WHO) ਨੇ BRICS ਸੰਮੇਲਨ 2026 ਦੌਰਾਨ, BRICS ਦੇਸ਼ਾਂ ਵੱਲੋਂ ਅਪਣਾਏ ਗਏ ਨਵੀਂ ਦਿੱਲੀ ਐਲਾਨਨਾਮੇ ਦੀ ਸ਼ਲਾਘਾ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਿਸ਼ਵ ਸਿਹਤ ਸੰਗਠਨ ਦੇ ਡਾਇਰੈਕਟਰ-ਜਨਰਲ ਟੇਡਰੋਸ ਅਡਾਨੋਮ ਘੇਬਰੇਅਸਸ ਨੇ

ਸਮਝੌਤੇ ਦੀ ਵਿਸ਼ਵਵਿਆਪੀ ਸਿਹਤ ਕਵਰੇਜ ਪ੍ਰਤੀ ਵਚਨਬੱਧਤਾ, ਸਿਹਤ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ, ਅਤੇ ਵਿਗਿਆਨੀਆਂ ਤੇ ਖੋਜਕਰਤਾਵਾਂ ਲਈ ਰੋਗਾਣੂਆਂ ਅਤੇ ਉਨ੍ਹਾਂ ਦੇ ਜੈਨੇਟਿਕ ਡੇਟਾ ਤੱਕ ਪਹੁੰਚ, ਅਤੇ ਲਾਭ-ਵੰਡ ਸਮਝੌਤੇ 'ਤੇ ਗੱਲਬਾਤ ਦੇ ਸਫਲ ਸਿੱਟੇ ਦੀ ਸ਼ਲਾਘਾ ਕੀਤੀ। ਸ਼੍ਰੀ ਘੇਬਰੇਅਸਸ ਨੇ ਤਪਦਿਕ ਨੂੰ ਖਤਮ ਕਰਨ, ਸਿਹਤ ਕਾਰਜਬਲ ਨੂੰ ਮਜ਼ਬੂਤ ਕਰਨ, ਡਿਜੀਟਲ ਸਿਹਤ ਅਤੇ ਰਵਾਇਤੀ ਦਵਾਈਆਂ ਨੂੰ ਏਕੀਕ੍ਰਿਤ ਕਰਨ ਅਤੇ ਸਾਰਿਆਂ ਲਈ ਸਿਹਤ ਸੰਭਾਲ ਪ੍ਰਦਾਨ ਕਰਨ ਲਈ BRICS ਦੇਸ਼ਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਿਖਰ ਸੰਮੇਲਨ ਵਿੱਚ ਨਿੱਘੇ ਸਵਾਗਤ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਵੀ ਕੀਤਾ।

---------------------------------------------------------

ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਨਵੀਂ ਦਿੱਲੀ ਵਿੱਚ ਈਰਾਨ ਦੇ ਆਰਥਿਕ ਮਾਮਲਿਆਂ ਬਾਰੇ ਮੰਤਰੀ ਸਈਦ ਅਲੀ ਮਦਨੀਜ਼ਾਦੇਹ ਨਾਲ ਮੁਲਾਕਾਤ ਕੀਤੀ।

ਮੁਲਾਕਾਤ ਦੌਰਾਨ ਸ੍ਰੀਮਤੀ ਸੀਤਾਰਮਨ ਨੇ ਬ੍ਰਿਕਸ ਸਿਖਰ ਸੰਮੇਲਨ ਵਿੱਚ ਈਰਾਨ ਦੀ ਸ਼ਮੂਲੀਅਤ ਅਤੇ ਵਿੱਤੀ ਮਾਮਲਿਆਂ ਨਾਲ ਸਬੰਧਤ ਵਿਚਾਰ-ਵਟਾਂਦਰੇ ਵਿੱਚ ਉਸਾਰੂ ਯੋਗਦਾਨ ਲਈ ਈਰਾਨ ਦਾ ਧੰਨਵਾਦ ਕੀਤਾ। ਵਿੱਤ ਮੰਤਰਾਲੇ ਨੇ ਦੱਸਿਆ ਏ ਕਿ ਦੋਵਾਂ ਸਿਆਸਤਦਾਨਾਂ ਨੇ ਆਰਥਿਕ ਵਿਕਾਸ ਨਾਲ ਸਬੰਧਤ ਮੁੱਦਿਆਂ ਅਤੇ ਆਪਸੀ ਹਿੱਤ ਵਾਲੇ

ਖੇਤਰਾਂ ਵਿੱਚ ਸਹਿਯੋਗ ਦੀਆਂ ਸੰਭਾਵਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।

-----------------------------------------------------------------

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਵੱਲੋਂ ਕੱਲ੍ਹ ਤੋਂ ਵਿਕਾਸਸ਼ੀਲ ਦੇਸ਼ਾਂ ਲਈ ਮਨੁੱਖੀ ਅਧਿਕਾਰਾਂ ਬਾਰੇ 6 ਦਿਨਾਂ ਦੇ ਸਮਰੱਥਾ ਨਿਰਮਾਣ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਜਾਵੇਗੀ।

ਭਾਰਤੀ ਤਕਨੀਕੀ ਅਤੇ ਆਰਥਿਕ ਸਹਿਯੋਗ (ਆਈਟੀਈਸੀ) ਤਹਿਤ ਅਤੇ ਵਿਦੇਸ਼ ਮੰਤਰਾਲੇ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਦੇਸ਼ਾਂ ਦੇ ਮਨੁੱਖੀ ਅਧਿਕਾਰ ਸੰਸਥਾਨਾਂ ਦੇ ਸੀਨੀਅਰ ਅਧਿਕਾਰੀ ਹਿੱਸਾ ਲੈਣਗੇ। ਪ੍ਰੋਗਰਾਮ 19 ਸਤੰਬਰ ਤੱਕ ਚੱਲੇਗਾ। ਇਸ ਦਾ ਉਦਘਾਟਨ NHRC ਦੇ ਚੇਅਰਮੈਨ ਜਸਟਿਸ ਵੀ. ਰਾਮਾਸੁਬਰਾਮਣੀਅਨ ਕਰਨਗੇ। ਕਮਿਸ਼ਨ ਨੇ ਕਿਹਾ ਹੈ ਕਿ ਪ੍ਰੋਗਰਾਮ ਦਾ ਉਦੇਸ਼ ਮਨੁੱਖੀ ਅਧਿਕਾਰ ਸੰਸਥਾਨਾਂ ਦੀ ਸਮਰੱਥਾ ਮਜ਼ਬੂਤ ਕਰਨਾ ਅਤੇ ਬਿਹਤਰ ਕਾਰਜ-ਪ੍ਰਣਾਲੀਆਂ ਸਬੰਧੀ ਤਜਰਬੇ ਸਾਂਝੇ ਕਰਨਾ ਏ।

-----------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕੱਲ੍ਹ ਦੇਸ਼ ਭਰ ਦੀਆਂ ਲਖਪਤੀ ਦੀਦੀਆਂ, ਸਵੈ-ਸਹਾਇਤਾ ਸਮੂਹਾਂ ਦੀਆਂ

ਔਰਤਾਂ ਅਤੇ ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ ਦੇ ਲਾਭਪਾਤਰੀਆਂ ਨਾਲ ਵਰਚੁਅਲੀ ਗੱਲਬਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਚੌਹਾਨ ਨੇ ਕਿਹਾ ਕਿ ਇਨ੍ਹਾਂ ਔਰਤਾਂ ਨੇ ਲੱਖਪਤੀ ਬਣ ਕੇ ਸ਼ਕਤੀਕਰਨ ਦੀ ਇੱਕ ਮਿਸਾਲ ਕਾਇਮ ਕੀਤੀ ਏ। ਸ਼੍ਰੀ ਚੌਹਾਨ ਨੇ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਆਤਮ-ਵਿਸ਼ਵਾਸ 'ਤੇ ਖੁਸ਼ੀ ਪ੍ਰਗਟ ਕੀਤੀ। ਸ੍ਰੀ ਚੌਹਾਨ ਨੇ ਕਿਹਾ ਕਿ ਸਰਕਾਰ ਇਨ੍ਹਾਂ ਔਰਤਾਂ ਨੂੰ ਕਰੋੜਪਤੀ ਦੀਦੀਆਂ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡੇਗੀ।

---------------------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਆਜ਼ਾਦੀ ਸੰਗਰਾਮੀ ਜਤਿੰਦਰਨਾਥ ਦਾਸ ਦੀ ਬਰਸੀ ਮੌਕੇ ਉਨ੍ਹਾਂ ਨੂੰ ਭਾਵਪੂਰਵਕ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ੍ਰੀ ਸ਼ਾਹ ਨੇ ਕਿਹਾ ਕਿ ਜਤਿੰਦਰਨਾਥ ਦਾਸ ਨੇ ਛੋਟੀ ਉਮਰ ਵਿੱਚ ਹੀ ਬਰਤਾਨਵੀ ਹਕੂਮਤ ਵਿਰੁੱਧ ਸੰਘਰਸ਼ ਦਾ ਰਾਹ ਚੁਣ ਲਿਆ ਸੀ ਅਤੇ ਜੇਲ੍ਹ ਦੀਆਂ ਤਕਲੀਫ਼ਾਂ ਵੀ ਉਨ੍ਹਾਂ ਦੇ ਹੌਸਲੇ ਨੂੰ ਖ਼ਤਮ ਨਹੀਂ ਸਕੀਆਂ। ਉਨ੍ਹਾਂ ਕਿਹਾ ਕਿ ਜੇਲ੍ਹ ਵਿੱਚ ਆਜ਼ਾਦੀ ਸੰਗਰਾਮੀਆਂ ਨਾਲ ਕੀਤੇ ਜਾਂਦੇ ਅਣਮਨੁੱਖੀ ਵਿਹਾਰ ਦੇ ਵਿਰੋਧ ਵਿੱਚ ਕੀਤੀ ਗਈ ਭੁੱਖ ਹੜਤਾਲ ਦੇਸ਼ਭਗਤੀ ਅਤੇ ਬਹਾਦਰੀ ਦੀ ਵਿਲੱਖਣ ਮਿਸਾਲ ਰਹੀ ਏ।

---------------------------------------------------------------------

ਅਮਰੀਕਾ ਨੇ ਨੇਪਾਲ ਨੂੰ ਹੜ੍ਹ ਪੀੜਤਾਂ ਦੀ ਪਛਾਣ ਕਰਨ ਵਿੱਚ ਮਦਦ ਕਰਨ ਲਈ 10 ਲੱਖ ਡਾਲਰ ਦੀ ਵਾਧੂ ਰਾਸ਼ੀ ਮਨਜ਼ੂਰ ਕੀਤੀ ਏ। ਇਸ ਪ੍ਰਵਾਨਗੀ ਨਾਲ ਨੇਪਾਲ ਵਿੱਚ ਆਫ਼ਤ ਰਾਹਤ ਲਈ ਅਮਰੀਕੀ ਵਿਦੇਸ਼ ਵਿਭਾਗ ਦੀ ਸਹਾਇਤਾ 50 ਲੱਖ ਡਾਲਰ ਤੋਂ ਵੱਧ ਹੋ ਗਈ ਏ। ਨਵੀਂ ਫੰਡਿੰਗ, ਨੇਪਾਲ ਪੁਲਿਸ ਨੂੰ ਫੋਰੈਂਸਿਕ ਸਹਾਇਤਾ ਪ੍ਰਦਾਨ ਕਰੇਗੀ। ਵਿਦੇਸ਼ ਵਿਭਾਗ ਦੇ ਅੰਤਰਰਾਸ਼ਟਰੀ ਨਾਰਕੋਟਿਕਸ ਅਤੇ ਕਾਨੂੰਨ ਲਾਗੂ ਕਰਨ ਵਾਲੇ ਮਾਮਲਿਆਂ ਦੇ ਬਿਊਰੋ ਨੇ ਨੇਪਾਲ ਸਰਕਾਰ ਨੂੰ ਪੀੜਤਾਂ ਦੀ ਪਛਾਣ ਕਰਨ ਵਿੱਚ, ਸਹਾਇਤਾ ਕਰਨ ਲਈ ਇਸ ਸਹਾਇਤਾ ਨੂੰ ਮਨਜ਼ੂਰੀ ਦਿੱਤੀ ਏ।

ਅਮਰੀਕੀ ਅਧਿਕਾਰੀ, DNA ਵਿਸ਼ਲੇਸ਼ਣ ਕਿੱਟਾਂ ਸਮੇਤ ਸਭ ਤੋਂ ਜ਼ਰੂਰੀ ਵਸਤਾਂ ਦਾ ਮੁਲਾਂਕਣ ਕਰਨ ਲਈ ਨੇਪਾਲ ਪੁਲਿਸ ਨਾਲ ਰਲ ਕੇ ਕੰਮ ਕਰ ਰਹੇ ਨੇ। ਇਹ ਫੋਰੈਂਸਿਕ ਸਹਾਇਤਾ ਹੜ੍ਹ ਪੀੜਤਾਂ ਲਈ ਭੋਜਨ,ਸਿਹਤ ਸੰਭਾਲ ਅਤੇ ਹੋਰ ਰਾਹਤ ਉਪਾਵਾਂ ਦਾ ਸਮਰਥਨ ਕਰਨ ਲਈ ਪ੍ਰਦਾਨ ਕੀਤੀ ਜਾ ਰਹੀ ਏ।

ਇਸ ਦੌਰਾਨ, ਨੇਪਾਲ ਵਿੱਚ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ ਇੱਕ ਹਜ਼ਾਰ 386 ਹੋ ਗਈ ਏ। ਪ੍ਰਭਾਵਿਤ ਅੱਠ ਜ਼ਿਲ੍ਹਿਆਂ ਤੋਂ ਹੋਰ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਨੇ।

---------------------------------------------------

ਔਰਤਾਂ ਦੇ Twenty-twenty ਏਸ਼ੀਆ ਕੱਪ ਕ੍ਰਿਕੇਟ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਮੌਜੂਦਾ ਚੈਂਪੀਅਨ ਸ਼੍ਰੀਲੰਕਾ ਨਾਲ ਮੁਕਾਬਲਾ ਹੋਏਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤੀ 8 ਵਜੇ ਸ਼ੁਰੂ ਹੋਵੇਗਾ।

ਭਾਰਤ ਨੇ ਸੈਮੀਫਾਈਨਲ ਵਿੱਚ ਬੰਗਲਾਦੇਸ਼ ਨੂੰ 40 ਦੌੜਾਂ ਨਾਲ ਹਰਾਇਆ ਸੀ। ਸੱਤ ਵਾਰ ਦੀ ਚੈਂਪੀਅਨ ਭਾਰਤੀ ਟੀਮ ਆਪਣੇ ਸਾਰੇ ਮੈਚ ਜਿੱਤ ਕੇ ਗਰੁੱਪ-ਏ ਵਿੱਚ ਚੋਟੀ 'ਤੇ ਰਹੀ।

---

- ਪ੍ਰਧਾਨ ਮੰਤਰੀ ਨੇ ਨਰੇਂਦਰ ਮੋਦੀ ਨੇ ਬ੍ਰਿਕਸ ਸਿਖਰ ਸੰਮੇਲਨ ਨੂੰ ਸੰਬੋਧਨ ਕਰਦਿਆਂ, ਚੁਣੌਤੀਆਂ ਦੀ ਸਮੇਂ ਸਿਰ ਪਛਾਣ ਕਰਨ, ਉਨ੍ਹਾਂ ਲਈ ਪਹਿਲਾਂ ਤੋਂ ਤਿਆਰ ਰਹਿਣ ਅਤੇ ਤੁਰੰਤ ਕਾਰਵਾਈ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਏ।

- ਬ੍ਰਿਕਸ ਦੇਸ਼ਾਂ ਨੇ ਗੱਲਬਾਤ, ਸਲਾਹ-ਮਸ਼ਵਰੇ ਅਤੇ ਕੂਟਨੀਤਕ ਯਤਨਾਂ ਰਾਹੀਂ ਅੰਤਰਰਾਸ਼ਟਰੀ ਵਿਵਾਦਾਂ ਨੂੰ ਸ਼ਾਂਤੀਪੂਰਵਕ ਢੰਗ ਨਾਲ ਹੱਲ ਕਰਨ ਪ੍ਰਤੀ ਆਪਣੀ ਵਚਨਬੱਧਤਾ ਦੋਹਰਾਈ ਏ।

- ਵਿਸ਼ਵ ਸਿਹਤ ਸੰਗਠਨ (WHO) ਨੇ  ਬ੍ਰਿਕਸ ਸਿਖਰ ਸੰਮੇਲਨ ਦੌਰਾਨ, ਬ੍ਰਿਕਸ ਦੇਸ਼ਾਂ ਵੱਲੋਂ ਅਪਣਾਏ ਗਏ ਨਵੀਂ ਦਿੱਲੀ ਐਲਾਨਨਾਮੇ ਦੀ ਸ਼ਲਾਘਾ ਕੀਤੀ ਏ।

- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਕੱਲ੍ਹ ਤੋਂ ਵਿਕਾਸਸ਼ੀਲ ਦੇਸ਼ਾਂ ਲਈ, ਮਨੁੱਖੀ ਅਧਿਕਾਰਾਂ ਬਾਰੇ 6 ਦਿਨਾਂ ਦੇ ਸਮਰੱਥਾ ਨਿਰਮਾਣ ਪ੍ਰੋਗਰਾਮ ਦੀ ਸ਼ੁਰੂਆਤ ਕਰੇਗਾ।

- ਔਰਤਾਂ ਦੇ Twenty-twenty ਏਸ਼ੀਆ ਕੱਪ ਕ੍ਰਿਕੇਟ ਦੇ ਫਾਈਨਲ ਵਿੱਚ, ਅੱਜ ਰਾਤੀਂ 8 ਵਜੇ, ਭਾਰਤ ਦਾ ਮੁਕਾਬਲਾ ਸ੍ਰੀਲੰਕਾ ਨਾਲ ਹੋਵੇਗਾ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**